ਜੈਤਸਰੀ ਮਹਲਾ ੫ ॥ ਜਾ ਕਉ ਭਏ ਗੋਵਿੰਦ ਸਹਾਈ ॥ ਸੂਖ ਸਹਜ ਆਨੰਦ ਸਗਲ ਸਿਉ ਵਾ ਕਉ ਬਿਆਧਿ ਨ ਕਾਈ ॥੧॥ ਰਹਾਉ ॥ ਦੀਸਹਿ ਸਭ ਸੰਗਿ ਰਹਹਿ ਅਲੇਪਾ ਨਹ ਵਿਆਪੈ ਉਨ ਮਾਈ ॥ ਏਕੈ ਰੰਗਿ ਤਤ ਕੇ ਬੇਤੇ ਸਤਿਗੁਰ ਤੇ ਬੁਧਿ ਪਾਈ ॥੧॥ ਦਇਆ ਮਇਆ ਕਿਰਪਾ ਠਾਕੁਰ ਕੀ ਸੇਈ ਸੰਤ ਸੁਭਾਈ ॥ ਤਿਨ ਕੈ ਸੰਗਿ ਨਾਨਕ ਨਿਸਤਰੀਐ ਜਿਨ ਰਸਿ ਰਸਿ ਹਰਿ ਗੁਨ ਗਾਈ ॥੨॥੩॥੭॥ {ਪੰਨਾ 701}

ਪਦਅਰਥ:- ਜਾ ਕਉ—ਜਿਨ੍ਹਾਂ (ਮਨੁੱਖਾਂ) ਵਾਸਤੇ। ਸਹਾਈ—ਮਦਦਗਾਰ। ਸਹਜ—ਆਤਮਕ ਅਡੋਲਤਾ। ਸਗਲ—ਸਾਰੇ। ਸਿਉ—ਨਾਲ। ਵਾ ਕਉ—ਉਹਨਾਂ ਨੂੰ। ਕਾਈ ਬਿਆਧਿ—ਕੋਈ ਭੀ ਰੋਗ।1। ਰਹਾਉ।

ਦੀਸਹਿ—ਦਿੱਸਦੇ ਹਨ। ਸੰਗਿ—ਨਾਲ। ਰਹਹਿ—ਰਹਿੰਦੇ ਹਨ। ਅਲੇਪਾ—ਨਿਰਲੇਪ, ਨਿਰਾਲੇ। ਵਿਆਪੈ—ਜ਼ੋਰ ਪਾਂਦੀ। ਉਨ—ਉਹਨਾਂ ਨੂੰ। ਮਾਈ—ਮਾਇਆ। ਰੰਗਿ—ਪ੍ਰੇਮ ਵਿਚ। ਤਤ—ਅਸਲੀਅਤ। ਬੇਤੇ—ਜਾਣਨ ਵਾਲੇ। ਤੇ—ਤੋਂ। ਬੁਧਿ—ਅਕਲ।1।

ਮਇਆ—ਮੇਹਰ। ਸੇਈ—ਉਹੀ। ਸੁਭਾਈ—ਪ੍ਰੇਮ-ਭਰੇ ਹਿਰਦੇ ਵਾਲੇ। ਭਾਉ—ਪ੍ਰੇਮ। ਕੈ ਸੰਗਿ—ਦੇ ਨਾਲ, ਦੀ ਸੰਗਤਿ ਵਿਚ। ਨਿਸਤਰੀਐ—ਪਾਰ ਲੰਘ ਜਾਈਦਾ ਹੈ। ਰਸਿ—ਪ੍ਰੇਮ ਨਾਲ।2।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਵਾਸਤੇ ਪਰਮਾਤਮਾ ਮਦਦਗਾਰ ਬਣ ਜਾਂਦਾ ਹੈ (ਉਹਨਾਂ ਦੀ ਉਮਰ) ਆਤਮਕ ਅਡੋਲਤਾ ਦੇ ਸਾਰੇ ਸੁਖਾਂ ਆਨੰਦਾਂ ਨਾਲ (ਬੀਤਦੀ ਹੈ) ਉਹਨਾਂ ਨੂੰ ਕੋਈ ਰੋਗ ਨਹੀਂ ਪੋਂਹਦਾ।1। ਰਹਾਉ।

ਹੇ ਭਾਈ! ਉਹ ਮਨੁੱਖ ਸਭਨਾਂ ਨਾਲ (ਵਰਤਦੇ) ਦਿੱਸਦੇ ਹਨ, ਪਰ ਉਹ (ਮਾਇਆ ਤੋਂ) ਨਿਰਲੇਪ ਰਹਿੰਦੇ ਹਨ, ਮਾਇਆ ਉਹਨਾਂ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ। ਉਹ ਇਕ ਪਰਮਾਤਮਾ ਦੇ ਪ੍ਰੇਮ ਵਿਚ ਟਿਕੇ ਰਹਿੰਦੇ ਹਨ, ਉਹ ਜੀਵਨ ਦੀ ਅਸਲੀਅਤ ਦੇ ਜਾਣਨ ਵਾਲੇ ਬਣ ਜਾਂਦੇ ਹਨ—ਇਹ ਅਕਲ ਉਹਨਾਂ ਗੁਰੂ ਪਾਸੋਂ ਪ੍ਰਾਪਤ ਕਰ ਲਈ ਹੁੰਦੀ ਹੈ।1।

ਹੇ ਨਾਨਕ! ਉਹੀ ਮਨੁੱਖ ਪ੍ਰੇਮ-ਭਰੇ ਹਿਰਦੇ ਵਾਲੇ ਸੰਤ ਬਣ ਜਾਂਦੇ ਹਨ, ਜਿਨ੍ਹਾਂ ਉਤੇ ਮਾਲਕ-ਪ੍ਰਭੂ ਦੀ ਕਿਰਪਾ ਮੇਹਰ ਦਇਆ ਹੁੰਦੀ ਹੈ ਜੇਹੜੇ ਮਨੁੱਖ ਸਦਾ ਪ੍ਰੇਮ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।2।3।7।